ਦਫ਼ਤਰ, ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ, ਪਠਾਨਕੋਟ
Office of the Deputy Commissioner-cum-District Election Officer, Pathankot
ਕਮਰਾ ਨੰ.314, ਦੂਜੀ ਮੰਜਿਲ, ਬੀ-ਬਲਾਕ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਮਲਿਕਪੁਰ, ਪਠਾਨਕੋਟ, ਪੰਜਾਬ
Room No.314, Second Floor, B-Block, District Administrative Complex, Malikpur, Pathankot, Punjab
Email Id: etpkt@punjab.gov.in

ਸੇਵਾ ਵਿਖੇ

1. ਸੀਨੀਅਰ ਪੁਲਿਸ ਕਪਤਾਨ, ਪਠਾਨਕੋਟ।
2. ਸਮੂਹ ਰਿਟਰਨਿੰਗ ਅਫਸਰ ਜ਼ਿਲ੍ਹਾ ਪਠਾਨਕੋਟ।
3. ਕਮਿਸ਼ਨਰ, ਨਗਰ ਨਿਗਮ, ਪਠਾਨਕੋਟ ।
4. ਨਿਗਰਾਨ ਇੰਜੀਨੀਅਰ, ਪੀ.ਐਸ.ਪੀ.ਸੀ.ਐਲ. ਪਠਾਨਕੋਟ।
5. ਸਮੂਹ ਸਹਾਇਕ ਰਿਟਰਨਿੰਗ ਅਫਸਰ (1 ਅਤੇ 2) ਜ਼ਿਲ੍ਹਾ ਪਠਾਨਕੋਟ।
6. ਐਕਸੀਅਨ, ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ, ਪਠਾਨਕੋਟ।
7. ਸਮੂਹ ਕਾਰਜ ਸਾਧਕ ਅਫਸਰ, ਨਗਰ ਕੌਂਸਲ ਜ਼ਿਲ੍ਹਾ ਪਠਾਨਕੋਟ।
8. ਸਮੂਹ ਵਿਭਾਗਾਂ ਦੇ ਮੁੱਖੀ ਜ਼ਿਲ੍ਹਾ ਪਠਾਨਕੋਟ ।
9. ਸਮੂਹ ਮਾਨਤਾ ਪ੍ਰਾਪਤ ਰਾਜਸੀ ਪਾਰਟੀਆਂ ਦੇ ਪ੍ਰਧਾਨਾਂ/ਸਕੱਤਰ।

ਪੱਤਰ ਨੰ.ਚੋਣ-2022/ ਮਿਤੀ:-

**ਵਿਸ਼ਾ : ਵਿਧਾਨ ਸਭਾ ਚੋਣਾਂ** 2022-**ਆਦਰਸ਼ ਚੋਣ ਜ਼ਾਬਤਾ (Model Code of Conduct) ਦੀ ਪਾਲਣਾ ਯਕੀਨੀ ਬਣਾਉਣ ਬਾਰੇ।**

ਮਾਣਯੋਗ ਭਾਰਤ ਚੋਣ ਕਮਿਸ਼ਨ ਜੀ ਵੱਲੋਂ ਅੱਜ ਮਿਤੀ 08.01.2022 ਨੂੰ ਬਾਅਦ ਦੁਪਹਿਰ 3:30 ਵਜੇ ਪੰਜਾਬ ਰਾਜ ਦੀਆਂ ਵਿਧਾਨ ਸਭਾ ਚੋਣਾਂ, 2022 ਦੀਆਂ ਆਮ ਚੋਣਾਂ ਦਾ ਐਲਾਨ ਕਰ ਦਿੱਤਾ ਗਿਆ ਹੈ । ਚੋਣਾਂ ਦੇ ਐਲਾਨ ਹੋਣ ਦੀ ਮਿਤੀ ਤੋਂ ਆਦਰਸ਼ ਚੋਣ ਜ਼ਾਬਤਾ (Model Code of Conduct) ਅਮਲ ਵਿਚ ਆ ਚੁੱਕਾ ਹੈ, ਜੋ ਚੋਣ ਪ੍ਰੀਕਿਰਿਆ ਮੁਕੰਮਲ ਹੋਣ ਤੱਕ ਲਾਗੂ ਰਹੇਗਾ । ਮਾਡਲ ਕੋਡ ਆਫ ਕੰਡਕਟ ਦੀ ਪਾਲਣਾ ਕਰਨ ਸਬੰਧੀ ਹੇਠ ਲਿਖੇ ਅਨੁਸਾਰ ਕਾਰਵਾਈ ਕੀਤੀ ਜਾਣੀ ਯਕੀਨੀ ਬਣਾਈ ਜਾਵੇ :-

(1) **ਆਦਰਸ਼ ਚੋਣ ਜ਼ਾਬਤਾ (Model Code of Conduct)**

1. ਇਲੈਕਟ੍ਰੋਨਿਕ, ਪ੍ਰਿੰਟ ਮੀਡੀਏ ਅਤੇ ਸ਼ੋਸ਼ਲ ਮੀਡੀਏ ਵਿਚ ਚੋਣ ਵਿਭਾਗ ਦੀ ਪ੍ਰਵਾਨਗੀ ਤੋਂ ਬਗੈਰ ਕੋਈ ਵੀ ਸਰਕਾਰੀ ਇਸ਼ਤਿਹਾਰਬਾਜ਼ੀ ਨਾ ਕੀਤੀ ਜਾਵੇ ।
2. ਕਿਸੇ ਸਰਕਾਰੀ ਗੱਡੀ (ਐਂਬੂਲੈਂਸ, ਸਾਈਕਲ, ਸਰਕਾਰੀ ਸਟੇਸ਼ਨਰੀ ਅਤੇ ਹੋਰ ਆਈਟਮਾਂ) ਉਪਰ ਕਿਸੇ ਵੀ ਰਾਜਨੀਤਕ ਲੀਡਰ ਦੇ ਫੋਟੋਗ੍ਰਾਫਸ ਨਹੀਂ ਲੱਗੇ ਹੋਣੇ ਚਾਹੀਦੇ। ਜੇਕਰ ਅਜਿਹਾ ਹੈ, ਤਾਂ ਉਹਨਾਂ ਨੂੰ ਤੁਰੰਤ ਹਟਾ ਦਿੱਤਾ ਜਾਵੇ ।
3. ਐਮ.ਪੀ./ਐਮ.ਐਲ.ਏ. ਲੈਂਡ ਸਕੀਮ ਤਹਿਤ ਕੋਈ ਵਿੱਤੀ ਸਹਾਇਤਾ/ਗ੍ਰਾਂਟ ਜਾਰੀ ਨਾ ਕੀਤੀ ਜਾਵੇ ।
4. ਕਿਸੇ ਵੀ ਵਿਅਕਤੀ ਨੂੰ ਨਵਾਂ ਨੀਲਾ ਕਾਰਡ, ਨਵਾਂ ਰਾਸ਼ਨ ਕਾਰਡ, ਨਵੀਂ ਪੈਨਸ਼ਨ ਦਾ ਲਾਭ ਨਾ ਦਿੱਤਾ ਜਾਵੇ ।
5. ਕੋਈ ਵੀ ਨਵਾਂ ਵਿਕਾਸ ਕਾਰਜ਼ ਸ਼ੁਰੂ ਨਾ ਕੀਤਾ ਜਾਵੇ ।
6. ਵਿਭਾਗ ਦੀਆਂ ਚਾਲੂ ਵੱਖ-ਵੱਖ ਸਕੀਮਾਂ ਤਹਿਤ ਕਿਸੇ ਵੀ ਨਵੇਂ ਬਿਨੈਕਾਰ ਦੀ ਚੋਣ ਨਾ ਕੀਤੀ ਜਾਵੇ।
7. ਕਿਸੇ ਇਮਾਰਤ ਦਾ ਨੀਂਹ ਪੱਥਰ ਨਾ ਰੱਖਿਆ/ਰਖਵਾਇਆ ਜਾਵੇ ਅਤੇ ਨਾ ਹੀ ਕਿਸੇ ਰਾਜਨੀਤਿਕ ਵਿਅਕਤੀ ਵੱਲੋਂ ਕੋਈ ਉਦਘਾਟਨ ਕੀਤਾ/ਕਰਵਾਇਆ ਜਾਵੇ।
8. ਸਮੂਹ ਵਿਭਾਗ ਇਹ ਵੀ ਯਕੀਨੀ ਬਣਾਉਣਗੇ ਕਿ ਕਿਸੇ ਵੀ ਸਰਕਾਰੀ ਸਕੀਮ ਤਹਿਤ ਕਿਸੇ ਕਿਸਮ ਦੇ ਵਸਤੂਗਤ ਲਾਭਾਂ ਦੀ ਵੰਡ, ਜਿਵੇਂ ਕਿ ਸਾਈਕਲਾਂ/ਸਿਲਾਈ ਮਸ਼ੀਨਾਂ ਦੀ ਵੰਡ, ਸਪੋਰਟਸ ਕਿੱਟਾਂ ਆਦਿ ਦੀ ਵੰਡ ਚੋਣ ਜ਼ਾਬਤੇ ਦੌਰਾਨ ਨਹੀਂ ਕਰਨਗੇ ਅਤੇ ਆਪਣੇ-ਆਪਣੇ ਵਿਭਾਗ ਵਿਚ ਇਸ ਦੇ ਮੌਜੂਦ ਸਟਾਕ ਦਾ ਇੰਦਰਾਜ਼ ਕਰਨਗੇ ਅਤੇ ਸਟਾਕ ਦੀ ਪੁਜੀਸ਼ਨ ਬਾਰੇ ਜ਼ਿਲ੍ਹਾ ਚੋਣ ਦਫਤਰ, ਪਠਾਨਕੋਟ ਨੂੰ ਲਿਖਤੀ ਤੌਰ ਤੇ ਸੂਚਿਤ ਕਰਨਗੇ ।
9. ਮਾਡਲ ਕੋਡ ਆਫ ਕੰਡਕਟ ਦੇ ਚਲਦਿਆਂ ਕਿਸੇ ਵੀ ਸਰਕਾਰੀ ਕੰਮਕਾਰ ਸਮੇਂ ਕਿਸੇ ਵੀ ਰਾਜਨੀਤਕ ਵਿਅਕਤੀ ਦੀ ਸ਼ਮੂਲੀਅਤ ਨਹੀਂ ਹੋਣੀ ਚਾਹੀਦੀ ।
10. ਸਰਕਾਰੀ ਅਤੇ ਅਰਧ ਸਰਕਾਰੀ ਅਦਾਰਿਆਂ (ਬੋਰਡ/ਕਾਰਪੋਰੇਸ਼ਨਾਂ/ਏਜੰਸੀਆਂ, ਸਹਿਕਾਰਤਾ ਆਦਿ ਦਫਤਰ) ਵਿਚ ਨਵੇਂ ਭਰਤੀ/ਸਲੈਕਟ/ਟਰਾਂਸਫਰ ਕੀਤੇ ਗਏ ਉਮੀਦਵਾਰਾਂ ਨੂੰ ਮਾਡਲ ਕੋਡ ਆਫ ਕੰਡਕਟ ਦੇ ਚਲਦਿਆਂ ਜੁਆਇੰਨ ਨਾ ਕਰਵਾਇਆ ਜਾਵੇ।
11. ਹਰ ਪ੍ਰਕਾਰ ਦੀਆਂ ਸ਼੍ਰੇਣੀਆਂ ਦੀ ਬਦਲੀ ਕਰਨ ਤੇ ਪੂਰਨ ਪਾਬੰਦੀ ਹੈ ।
12. ਮਾਡਲ ਕੋਡ ਆਫ ਕੰਡਕਟ ਨੂੰ ਸਖਤੀ ਨਾਲ ਲਾਗੂ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ । ਕੋਈ ਅਜਿਹੀ ਗਤੀਵਿਧੀ ਨਾ ਕੀਤੀ ਜਾਵੇ, ਜਿਸ ਨਾਲ ਮਾਡਲ ਕੋਡ ਆਫ ਕੰਡਕਟ ਦੀ ਉਲੰਘਣਾ ਹੁੰਦੀ ਹੋਵੇ ।

ਦਫ਼ਤਰ, ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ, ਪਠਾਨਕੋਟ
**Office of the Deputy Commissioner-cum-District Election Officer, Pathankot**
ਕਮਰਾ ਨੰ.314, ਦੂਜੀ ਮੰਜਿਲ, ਬੀ-ਬਲਾਕ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਮਲਿਕਪੁਰ, ਪਠਾਨਕੋਟ, ਪੰਜਾਬ
**Room No.314, Second Floor, B-Block, District Administrative Complex, Malikpur, Pathankot, Punjab**
**Email Id: etpkt@punjab.gov.in**



(2) **Implementation of the Punjab Prevention of Defacement of Property Act, 1997 :-**

1. ਸਮੂਹ ਮਾਨਤਾ ਪ੍ਰਾਪਤ ਰਾਜਸੀ ਪਾਰਟੀਆਂ ਦੇ ਪ੍ਰਧਾਨਾਂ/ਸਕੱਤਰਾਂ ਨੂੰ ਲਿਖਿਆ ਜਾਂਦਾ ਹੈ ਕਿ ਚੋਣ ਪ੍ਰਚਾਰ ਲਈ ਵਰਤੀ ਗਈ ਸਰਕਾਰੀ Property ਉਪਰ ਇਸ਼ਤਿਹਾਰ/ਪੇਂਟਿੰਗ ਨੂੰ ਤੁਰੰਤ ਹਟਾਇਆ ਜਾਵੇ। ਜੇਕਰ ਆਪ ਵਲੋਂ ਮਿਥੇਂ ਸਮੇਂ ਦੇ ਅੰਦਰ-ਅੰਦਰ ਅਜਿਹਾ ਨਾ ਕੀਤਾ ਗਿਆ ਤਾਂ ਸਬੰਧਤ ਪਾਰਟੀ ਦੇ ਖਿਲਾਫ The Punjab Prevention of Defacement of Property Act, 1997 ਦੀ ਧਾਰਾ 3/ਕਾਨੂੰਨ ਅਨੁਸਾਰ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ ਅਤੇ ਦੱਸਿਆ ਜਾਂਦਾ ਹੈ ਕਿ ਪ੍ਰਸ਼ਾਸ਼ਨ ਵਲੋਂ ਆਪਣੇ ਪੱਧਰ ਤੇ ਚੋਣ ਪ੍ਰਚਾਰ ਹਟਾਉਣ ਸਬੰਧੀ ਜੋ ਵੀ ਖਰਚਾ ਆਵੇਗਾ ਉਸ ਨੂੰ ਸਬੰਧਤ ਪਾਰਟੀ ਦੇ ਖਾਤੇ ਵਿੱਚ ਜੋੜਿਆ ਜਾਵੇਗਾ।
2. ਸਮੂਹ ਵਿਭਾਗਾਂ ਦੇ ਮੁੱਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਚੋਣਾਂ ਦੌਰਾਨ ਕਿਸੇ ਵੀ ਸਰਕਾਰੀ ਇਮਾਰਤ ਅਤੇ ਸਰਕਾਰੀ ਜਾਇਦਾਦ ਨੂੰ ਡਿਫੇਸ ਕਰਨ ਦੀ ਸਖਤ ਮਨਾਹੀ ਹੈ। ਇਸ ਲਈ ਸਮੂਹ ਜ਼ਿਲ੍ਹਾ ਮੁੱਖੀ ਇਹ ਯਕੀਨੀ ਬਣਾਉਣਗੇ ਕਿ ਉਹਨਾਂ ਦੇ ਦਫਤਰ ਦੀ ਇਮਾਰਤ ਅਤੇ ਸਰਕਾਰੀ ਜਾਇਦਾਦ ਉਪਰ ਕੋਈ ਵੀ ਪੋਲੀਟੀਕਲ ਹੋਰਡਿੰਗ, ਬੈਨਰ, ਝੰਡੇ, ਪੋਸਟਰ ਆਦਿ ਨਾ ਲਗਾਏ ਜਾਣ । ਦਰੱਖਤਾ ਲਈ ਵਣ ਵਿਭਾਗ ਦੀ, ਖੰਭਿਆ ਤੇ ਪਾਵਰ ਕਾਮ ਦੀ ਅਤੇ ਸ਼ਹਿਰੀ ਗਲੀਆਂ ਦੇ ਪੋਲਾਂ ਲਈ ਨਗਰ ਨਿਗਮ/ਨਗਰ ਕੌਂਸਲ ਦੀ ਜਿੰਮੇਵਾਰੀ ਹੋਵੇਗੀ । ਇਸੇ ਤਰਜ਼ ਦੇ ਬਾਕੀ ਵਿਭਾਗ ਵੀ ਚੋਣ ਜ਼ਾਬਤੇ ਦੀ ਸਖਤੀ ਨਾਲ ਪਾਲਣਾ ਕਰਨੀ ਯਕੀਨੀ ਬਣਾਉਣਗੇ। ਇਸ ਦੀ ਨਿਰੋਲ ਨਿੱਜੀ ਜਿੰਮੇਵਾਰੀ ਵਿਭਾਗ ਦੇ ਮੁੱਖੀ ਦੀ ਹੋਵੇਗੀ ਅਤੇ The Punjab Prevention of Defacement of Property Act, 1997 ਦੀ ਧਾਰਾ 3 ਅਤੇ ਚੋਣ ਨਿਯਮਾਂ ਤਹਿਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ
3. ਸਮੂਹ ਵਿਭਾਗਾਂ ਦੇ ਮੁੱਖੀ ਫੌਰੀ ਤੌਰ ਤੇ ਲੱਗੇ ਪੋਲੀਟਿਕਲ ਹੋਰਡਿੰਗ, ਬੈਨਰ, ਝੰਡੇ, ਪੋਸਟਰ ਆਦਿ ਨੂੰ ਹਟਾਉਣ ਸਬੰਧੀ ਕੀਤੀ ਗਈ ਕਾਰਵਾਈ ਦਾ ਹੇਠ ਲਿਖੇ ਅਨੁਸਾਰ ਸਰਟੀਫਿਕੇਟ 24 ਘੰਟੇ ਦੇ ਅੰਦਰ ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਪਠਾਨਕੋਟ-ਕਮ-ਨੋਡਲ ਅਫਸਰ ਫਾਰ MCC ਨੂੰ ਭੇਜਣ ਦੇ ਜਿੰਮੇਵਾਰ ਹੋਣਗੇ ।

**" ਸਰਟੀਫਿਕੇਟ "**

ਤਸਦੀਕ ਕੀਤਾ ਜਾਂਦਾ ਹੈ ਕਿ ਮੇਰੇ ਅਧੀਨ ਆਉਂਦੇ ਏਰੀਏ ਵਿਚ ਸਰਕਾਰੀ ਪ੍ਰਾਪਰਟੀਜ਼ (ਇਮਾਰਤਾਂ, ਗਲੀਆਂ, ਬਿਜਲੀ ਦੇ ਖੰਭੇ, ਦਰੱਖਤ ਆਦਿ) ਉਤੇ ਲੱਗੇ ਪੋਲੀਟੀਕਲ ਹੋਰਡਿੰਗ, ਬੈਨਰ, ਝੰਡੇ, ਪੋਸਟਰ ਆਦਿ ਹਟਾ ਦਿੱਤੇ ਗਏ ਹਨ । ਜੇਕਰ Defacement of Property ਸਬੰਧੀ ਕੋਈ ਵੀ ਉਲੰਘਣਾ ਹੁੰਦੀ ਹੈ, ਤਾਂ ਮੈਂ ਨਿੱਜੀ ਤੌਰ ਤੇ ਜਿੰਮੇਵਾਰ ਹੋਵਾਂਗਾ ।

ਵਿਭਾਗ ਦੇ ਮੁੱਖੀ ਦੇ ਹਸਤਾਖਰ ਅਤੇ ਮੋਹਰ

ਜੇਕਰ ਕਿਸੇ ਵਿਭਾਗ ਵੱਲੋਂ ਮਾਡਲ ਕੋਡ ਆਫ ਕੰਡਕਟ ਦੀ ਉਲੰਘਣਾ ਕੀਤੀ ਜਾਂਦੀ ਹੈ, ਤਾਂ ਉਸ ਦੀ ਜਿੰਮੇਵਾਰੀ ਉਸ ਵਿਭਾਗ ਦੇ ਮੁੱਖੀ ਦੀ ਹੋਵੇਗੀ ਅਤੇ ਚੋਣ ਨਿਯਮਾਂ ਤਹਿਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ ।

ਸਹੀ/-
ਡਿਪਟੀ ਕਮਿਸ਼ਨਰ-ਕਮ-
ਜ਼ਿਲ੍ਹਾ ਚੋਣ ਅਫਸਰ,
ਪਠਾਨਕੋਟ।

ਪਿੱਠ ਅੰਕਣ ਨੰ: ਚੋਣ-2022/433-38 ਮਿਤੀ 09-1-2022

ਉਪਰੋਕਤ ਦਾ ਉਤਾਰਾ :-

1. ਮੁੱਖ ਚੋਣ ਅਫਸਰ, ਪੰਜਾਬ, ਚੰਡੀਗੜ੍ਹ ਜੀ ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ ।
2. ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਵਧੀਕ ਜ਼ਿਲ੍ਹਾ ਚੋਣ ਅਫਸਰ, ਪਠਾਨਕੋਟ ਨੂੰ ਸੂਚਨਾਂ ਹਿੱਤ
3. ਨੋਡਲ ਅਫਸਰ ਫਾਰ MCC-ਕਮ-ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਪਠਾਨਕੋਟ ਨੂੰ ਲੋੜੀਂਦੀ ਕਾਰਵਾਈ ਹਿੱਤ ।
4. ਇੰਚਾਰਜ਼ ਇਲੈਕਸ਼ਨ ਕੰਟਰੋਲ ਰੂਮ ਸਹਾਇਕ ਲੇਬਰ ਕਮਿਸ਼ਨਰ, ਪਠਾਨਕੋਟ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ।
5. ਜ਼ਿਲ੍ਹਾ ਲੋਕ ਸੰਪਰਕ ਅਫਸਰ, ਪਠਾਨਕੋਟ ਨੂੰ ਲਿਖਿਆ ਜਾਂਦਾ ਹੈ ਕਿ ਉਕਤ ਸਬੰਧੀ ਜ਼ਿਲ੍ਹੇ ਦੀਆਂ ਉੱਘੀਆਂ ਅਖਬਾਰਾਂ ਵਿਚ ਪ੍ਰੈੱਸ ਨੋਟ ਜਾਰੀ ਕੀਤਾ ਜਾਵੇ ।
6. ਡੀ.ਆਈ.ਓ., ਐਨ.ਆਈ.ਸੀ. ਪਠਾਨਕੋਟ ਨੂੰ ਲਿਖਿਆ ਜਾਂਦਾ ਹੈ ਕਿ ਵਿਸ਼ਾ ਅੰਕਿਤ ਜਾਰੀ ਪੱਤਰ ਦੀ ਕਾਪੀ ਜ਼ਿਲ੍ਹਾ ਪ੍ਰਸ਼ਾਸ਼ਨ ਦੀ ਵੈੱਬ-ਸਾਈਟ ਦੇ ਪ੍ਰਕਾਸ਼ਿਤ ਕੀਤਾ ਜਾਵੇ ।

ਡਿਪਟੀ ਕਮਿਸ਼ਨਰ-ਕਮ-
ਜ਼ਿਲ੍ਹਾ ਚੋਣ ਅਫਸਰ,
ਪਠਾਨਕੋਟ।